# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:20 Pm**

**ਮਿਤੀ: 12-11-2024**

ਪੰਜਾਬ ਪੁਲਿਸ ਦੀ ਟੀਮ ਨੇ 67ਵੀਂ ਆਲ ਇੰਡੀਆ ਪੁਲਿਸ ਡਿਊਟੀ ਮੀਟ 2023-24 ਵਿੱਚ ਇੱਕ ਚਾਂਦੀ ਅਤੇ ਦੋ ਕਾਂਸੇ ਦੇ ਤਮਗੇ ਜਿੱਤੇ ਨੇ। ਪੁਲਿਸ ਡਿਊਟੀ ਮੀਟ ਫਰਵਰੀ 2024 ਵਿੱਚ ਲਖਨਊ ਵਿੱਚ ਕਾਰਵਾਈ ਗਈ ਸੀ I ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਟੀਮ ਦੇ ਮੈਂਬਰਾਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਦੀ ਸ਼ਲਾਘਾ ਕਰਦੇ ਹੋਏ, ਉਨ੍ਹਾਂ ਨੂੰ ਵੱਕਾਰੀ DGP ਡਿਸਕ ਅਤੇ ਨਕਦ ਇਨਾਮਾਂ ਨਾਲ ਸਨਮਾਨਿਤ ਕੀਤਾ। ਜ਼ਿਕਰਯੋਗ ਏ ਕਿ ਕਾਂਸਟੇਬਲ ਮਨਪ੍ਰੀਤ ਕੌਰ ਨੇ ਸਾਇੰਟਿਫਿਕ ਏਡਜ਼ ਟੂ ਇਨਵੈਸਟੀਗੇਸ਼ਨ ਕੈਟਾਗਰੀ ਵਿੱਚ ਪੁਲਿਸ ਆਬਜ਼ਰਵੇਸ਼ਨ 'ਚ ਸਿਲਵਰ ਤਮਗਾ , ਇੰਸਪੈਕਟਰ ਮੋਹਿਤ ਧਵਨ ਨੇ ਮੈਡੀਕੋ-ਲੀਗਲ ਟੈਸਟ ਵਿੱਚ ਕਾਂਸੇ ਦਾ ਤਮਗਾ ਅਤੇ ਕਾਂਸਟੇਬਲ ਰੁਪਿੰਦਰ ਸਿੰਘ ਅਤੇ ਉਸਦੇ ਨਸ਼ੀਲਾ ਪਦਾਰਥ ਸੁੰਘ ਕੇ ਲੱਭਣ ਵਾਲੇ 'ਬਿੰਗੋ' ਨਾ ਦੇ ਕੁੱਤੇ ਨੇ ਕਾਂਸੇ ਦਾ ਤਮਗਾ ਜਿੱਤਿਆ ਏ।

---

ਅੱਜ ਲੋਕ ਸੇਵਾ ਪ੍ਰਸਾਰਣ ਦਿਵਸ ਮਨਾਇਆ ਜਾ ਰਿਹਾ ਏ। ਇਹ ਦਿਨ 1947 ਵਿੱਚ ਦਿੱਲੀ ਵਿੱਚ ਆਕਾਸ਼ਵਾਣੀ ਦੇ ਸਟੂਡੀਓ ਵਿੱਚ ਮਹਾਤਮਾ ਗਾਂਧੀ ਦੇ ਇੱਕੋ ਵਾਰ ਆਉਣ ਦੀ ਯਾਦ ਵਿੱਚ ਹਰ ਸਾਲ ਮਨਾਇਆ ਜਾਂਦਾ ਏ। 77 ਸਾਲ ਪਹਿਲਾਂ, ਇਹ ਦੀਵਾਲੀ ਦਾ ਦਿਨ ਸੀ, ਜਦੋਂ ਮਹਾਤਮਾ ਗਾਂਧੀ ਵੰਡ ਕਾਰਨ ਉਜਾੜੇ ਗਏ ਅਤੇ ਹਰਿਆਣਾ ਦੇ ਕੁਰੂਕਸ਼ੇਤਰ ਵਿਖੇ ਤਾਇਨਾਤ ਲੋਕਾਂ ਨੂੰ ਮਿਲਣ ਨਹੀਂ ਜਾ ਸਕੇ ਸਨ। ਰਾਸ਼ਟਰਪਿਤਾ ਨੇ ਇਹਨਾਂ ਲੋਕਾਂ ਨੂੰ ਰੇਡੀਓ ਵਾਹੀਂ ਆਪਣਾ ਸੰਦੇਸ਼ ਦੇਣ ਦਾ ਫੈਸਲਾ ਕੀਤਾ ਤੇ ਸੰਬੋਧਨ ਕੀਤਾ. ਇਹ 1947 ਵਿੱਚ ਆਕਾਸ਼ਵਾਣੀ ਵਿਖੇ ਗਾਂਧੀ ਜੀ ਦਾ ਹਿਲਾ ਅਤੇ ਆਖਰੀ ਲਾਈਵ ਪ੍ਰਸਾਰਣ ਸੀ ।

-------------------------------------------------------------------

ਪੰਜਾਬ ਦੇ ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਖੁਰਾਕ ਤੇ ਸਿਵਲ ਸਪਲਾਈ ਵਿਭਾਗ ਦੇ ਮੰਤਰੀ ਲਾਲ ਚੰਦ ਕਟਾਰੂਚਕ, ਸਿਹਤ ਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਦੀ ਹਾਜ਼ਰੀ ਵਿਚ ਮਿਉਂਸਪਲ ਕਮਿਸ਼ਨਰ, ਪਟਿਆਲਾ, ਜਲੰਧਰ ਅਤੇ ਅੰਮ੍ਰਿਤਸਰ, ਵਧੀਕ ਡਿਪਟੀਮਿਸ਼ਨਰ, ਪਟਿਆਲਾ, ਮੋਹਾਲੀ, ਜਲੰਧਰ, ਅੰਮ੍ਰਿਤਸਰ, ਪਠਾਨਕੋ ਟ ਅਤੇ ਤਰਨਤਾਰਨ ਤੋਂ ਇਲਾਵਾ ਨਗਰ ਕੌਂਸਲ ਤੇ ਨਗਰ ਪੰਚਾਇਤਾਂ ਰਾਜਾਸਾਂਸੀ, ਨਰੋਟ ਜੈਮਲ ਸਿੰਘ,

ਖੇਮਕਰਨ, ਤਰਨਤਾਰਨ, ਸਨੋਰ, ਦੇਵੀਗੜ੍ਹ, ਘਨੋਰ, ਘੱਗਾ, ਭਾਦਸੋਂ, ਘੜੂੰਆ, ਗੋਰਾਇਆ, ਸ਼ਾਹਕੋਟ, ਭੋਗਪੁਰ ਤੇ ਬਿਲਗਾ ਦੇ ਕਾਰਜ ਸਾਧਕ ਅਫਸਰਾਂ ਨਾਲ ਮੀਟਿੰਗ ਕਰਦਿਆਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਨੇ ਕਿ ਸੂਬੇ ਵਿੱਚ ਚਲ ਰਹੇ ਵਿਕਾਸ ਪ੍ਰਾਜੈਕਟਾਂ ਨੂੰ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇ । ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਅਧਿਕਾਰੀਆਂ ਪਾਸੋਂ ਵੱਖ ਵੱਖ ਸਕੀਮਾਂ ਜਿਵੇਂ ਸਵੱਛ ਭਾਰਤ ਮਿਸ਼ਨ, ਅਮਰੁਤ ਮਿਸ਼ਨ, 15 ਵੇਂ ਵਿੱਤ ਕਮਿਸ਼ਨ ਆਦਿ ਸਕੀਮਾਂ ਅਧੀਨ ਚੱਲ ਰਹੇ ਪ੍ਰਾਜੈਕਟਾਂ ਸਬੰਧੀ ਮੌਜੂਦਾ ਸਥਿਤੀ ਬਾਰੇ ਜਾਣਕਾਰੀ ਹਾਸਿਲ ਕੀਤੀ । ਕੈਬਨਿਟ ਮੰਤਰੀ ਨੇ ਕਿਹਾ ਕਿ ਜਿਨ੍ਹਾਂ ਸੀਵਰੇਜ ਟਰੀਟਮੈਂਟ ਪਲਾਂਟਾਂ ਅਤੇ ਵਾਟਰ ਟਰੀਟਮੈਂਟ ਪਲਾਂਟਾਂ ਦਾ ਡੀ.ਪੀ.ਆਰ. ਦਾ ਕੰਮ ਮੁਕੰਮਲ ਹੋ । ਚੁੱਕਾ ਏ, ਉਨ੍ਹਾਂ ਦੀ ਟੈਂਡਰ ਕਾਲ ਕਰਨ ਸਬੰਧੀ ਪ੍ਰਕਿਰਿਆ ਜਲਦ ਤੋਂ ਜਲਦ ਖ਼ਤਮ ਕੀਤਾ ਜਾਵੇ। ਮੀਟਿੰਗ ਵਿੱਚ ਵਿਧਾਇਕਾਂ ਤੋਂ ਇਲਾਵਾ ਸਥਾਨਕ ਸਰਕਾਰਾਂ ਵਿਭਾਗ ਦੇ ਵਧੀਕ ਮੁੱਖ ਸਕੱਤਰ ਤੇਜਵੀਰ ਸਿੰਘ, ਸਥਾਨਕ ਸਰਕਾਰਾਂ ਵਿਭਾਗ ਦੇ ਡਾਇਰੈਕਟਰ ਗੁਰਪ੍ਰੀਤ ਸਿੰਘ ਖਹਿਰਾ, ਪੀ.ਐਮ. ਆਈ.ਡੀ.ਸੀ ਦੇ ਸੀ.ਈ.ਓ. ਦੀਪਤੀ ਉੱਪਲ, ਵਿਭਾਗ ਦੇ ਹੋਰ ਅਧਿਕਾਰੀ ਹਾਜ਼ਰ ਸਨ।

---------------------------------------------------------------------

ਫਗਵਾੜਾ ਦੇ ਸਿਵਲ ਹਸਪਤਾਲ ਵਿੱਚ ਪਿਛਲੇ ਕਈ ਮਹੀਨਿਆਂ ਤੋਂ

ਡਾਕਟਰਾਂ ਤੇ ਮੈਡੀਕਲ ਉਪਕਰਨਾਂ ਦੀ ਘਾਟ ਸਬੰਧੀ ਰਾਜ ਮਨੁੱਖੀ ਅਧਿਕਾਰ ਕਮਿਸ਼ਨ (ਐਸ.ਐਚ.ਆਰ.ਸੀ.) ਨੇ ਸਿਵਲ ਸਰਜਨ ਫਗਵਾੜਾ (ਕਪੂਰਥਲਾ) ਤੋਂ ਰਿਪੋਰਟ ਤਲਬ ਕੀਤੀ ਏ। ਇਸ ਸਬੰਧ ਵਿੱਚ 16 ਅਕਤੂਬਰ ਨੂੰ ਐਸਐਚਆਰਸੀ ਨੂੰ ਭਾਜਪਾ ਦੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਵੱਲੋਂ ਭੇਜੀ ਗਈ ਸ਼ਿਕਾਇਤ ਤੋਂ ਬਾਅਦ ਐਸਐਚਆਰਸੀ ਨੇ ਇਸ ਮਾਮਲੇ ਦਾ ਨੋਟਿਸ ਲਿਆ ਏ। ਭਾਜਪਾ ਦੇ ਸਾਬਕਾ ਰਾਜ ਸਭਾ ਮੈਂਬਰ ਅਵਿਨਾਸ਼ ਰਾਏ ਖੰਨਾ ਨੇ ਸ਼ਿਕਾਇਤ ਕੀਤੀ ਸੀ ਕਿ ਫਗਵਾੜਾ ਦੇ ਸਿਵਲ ਹਸਪਤਾਲ ਵਿੱਚ ਕੁੱਲ 119 ਵਿੱਚੋਂ ਮੈਡੀਕਲ ਤੇ ਪੈਰਾ ਮੈਡੀਕਲ ਸਟਾਫ਼ ਦੀਆਂ 60 ਅਸਾਮੀਆਂ ਖਾਲੀ ਹਨ। ਐਸ.ਐਚ.ਆਰ.ਸੀ ਦੇ ਚੇਅਰਪਰਸਨ ਜਸਟਿਸ ਸੰਤ ਪ੍ਰਕਾਸ਼ ਨੇ ਨੋਟਿਸ ਲੈਂਦਿਆਂ ਸਿਵਲ ਸਰਜਨ ਫਗਵਾੜਾ ਨੂੰ ਇਸ ਮਾਮਲੇ ਦੀ ਜਾਂਚ ਕਰਨ ਤੇ ਅਗਲੀ ਸੁਣਵਾਈ ਦੀ ਮਿਤੀ 24 ਫਰਵਰੀ, 2025 ਤੋਂ ਹਫ਼ਤਾ ਪਹਿਲਾਂ ਆਪਣੀ ਰਿਪੋਰਟ ਪੇਸ਼ ਕਰਨ ਲਈ ਕਿਹਾ ਏ।

---

ਜਲੰਧਰ ਵਿਚ ਦਰਸ਼ਕ ਸਰੋਤਾ ਸੰਘ ਵਲੋਂ ਸਾਲਾਨਾ ਸਮਾਗਮ ਸਾਲਾਨਾ ਸਮਾਗਮ ਕਰਵਾਇਆ ਗਿਆ। ਇਸ ਮੌਕੇ ਬੋਲਦਿਆਂ ਪੰਜਾਬ ਚੇਤਨਾ ਮੰਚ ਦੇ ਜਨਰਲ ਸਕੱਤਰ ਅਤੇ ਸੀਨੀਅਰ ਪੱਤਰਕਾਰ ਸਤਨਾਮ ਸਿੰਘ ਮਾਣਕ ਨੇ ਕਿਹਾ ਕਿ ਡੀਓ ਤੇ ਦੂਰਦਰਸ਼ਨ ਨੇ ਲੰਬੇ ਅਰਸੇ ਤੋਂ

ਸੂਚਨਾ, ਗਿਆਨ ਅਤੇ ਮਨੋਰੰਜਨ ਨਾਲ ਸਾਂਝ ਬਣਾ ਕੇ ਦੇਸ਼ ਦੇ ਸਰਬਪੱਖੀ ਵਿਕਾਸ ਤੇ ਸੱਭਿਆਚਾਰਕ ਖੇਤਰ ਵਿਚ ਅਹਿਮ ਭੂਮਿਕਾ ਨਿਭਾਈ ਐ। ਉਨ੍ਹਾਂ ਨੇ ਦੂਰਦਰਸ਼ਨ ਅਤੇ ਰੇਡੀਓ ਦੀਆਂ ਪ੍ਰਮੁੱਖ ਸਖਸ਼ੀਅਤਾਂ ਨੂੰ ਸਨਮਾਨਿਤ ਵੀ ਕੀਤਾ। ਪ੍ਰਬੰਧਕ ਕਮੇਟੀ ਦੇ ਪ੍ਰਧਾਨ ਗੁਰਮੀਤ ਖ਼ਾਨਪੁਰੀ ਅਤੇ ਸ੍ਪਰਸਤ ਜਗਜੀਸ਼ਪਾਲ ਮਹਿਤਾ ਨੇ ਦੱਸਿਆ ਕਿ ਸਮਾਗਮ ਦੌਰਾਨ ਆਕਾਸ਼ਵਾਣੀ ਜਲੰਧਰ ਦੇ ਸਾਬਕਾ ਡੀ ਡੀ ਨਿਊਜ਼ ਸ਼ਿਸ਼ੂ ਸ਼ਰਮਾ ਸ਼ਾਤਲ, ਸਾਬਕਾ ਡੀ ਡੀ ਜੀ ਓਮ ਗੌਰੀ ਦੱਤ ਸ਼ਰਮਾ, ਸਾਬਕ ਡੇ ਡੀ ਪੀ ਮੋਨਿਕਾ ਦੱਤ, ਸਾਬਕ ਏ ਡੀ ਪੀ ਜਸਵੀਰ ਸਿੰਘ, ਸਾਬਕ ਪ੍ਰੋਗਰਾਮ ਮੁੱਖੀ ਦਵਿੰਦਰ ਮਹਿੰਦਰੂ ਅਤੇ ਇਮਤਿਆਜ਼ ਤੇ ਹੋਰ ਸਖਸ਼ੀਅਤਾਂ ਨੇ ਦੂਰਦਰਸ਼ਨ ਤੇ ਆਕਾਸ਼ਵਾਣੀ ਦੀ ਮਹੱਤਤਾ ਤੇ ਚਾਨਣਾ ਪਾਇਆ। ਇਸ ਮੌਕੇ ਤੇ ਰੇਡੀਓ ਦਾ ਭੈਣਾ ਦਾ ਪ੍ਰਗੋਰਾਮ ਅਤੇ ਬੱਚਿਆਂ ਦਾ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ।

---------------------------------------------------------------------------

ਬਿਹਾਰ ਦੇ ਰਾਜਗੀਰ ਵਿੱਚ, ਔਰਤਾਂ ਦੀ ਏਸ਼ੀਅਨ ਚੈਂਪੀਅਨਜ਼ ਟਰਾਫੀ 'ਚ, ਭਾਰਤੀ ਹਾਕੀ ਟੀਮ ਦਾ ਮੁਕਾਬਲਾ ਅੱਜ ਸ਼ਾਮੀ ਦੱਖਣੀ ਕੋਰੀਆ ਨਾਲ ਹੋਵੇਗਾ। ਮੈਚ ਅੱਜ ਸ਼ਾਮੀ 4 ਵਜ ਕੇ 45 ਮਿੰਟ 'ਤੇ ਸ਼ੁਰੂ ਹੋਵੇਗਾ।

ਬੀਤੀ ਸ਼ਾਮ ਭਾਰਤੀ ਟੀਮ ਨੇ, ਆਪਣੇ ਉਦਘਾਟਨੀ ਮੈਚ ਵਿੱਚ ਮਲੇਸ਼ੀਆ ਨੂੰ, 4-0 ਨਾਲ ਹਰਾ ਕੇ ਆਪਣੀ ਮੁਹਿੰਮ ਦੀ ਸ਼ੁਰੂਆਤ ਕੀਤੀ ।